ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ, ਅੰਮ੍ਰਿਤਸਰ

**ਬਿਜਲੀ ਦਾ ਐਡਵਾਂਸ ਬਿਲ ਜਮਾ ਕਰਵਾਕੇ ਬੈਂਕ ਤੋਂ ਦੁੱਗਣੀ ਕਮਾਈ ਕਰੋ**

ਅੰਮ੍ਰਿਤਸਰ, 17 ਅਪ੍ਰੈਲ (        )-

ਪੰਜਾਬ ਰਾਜ ਪਾਵਰ ਕਾਰਪੋਰੇਸ਼ਨ ਲਿਮਟਿਡ ਵੱਲੋਂ ਆਪਣੇ ਖਪਤਕਾਰਾਂ ਨੂੰ ਬਿਜਲੀ ਦੇ ਬਿਲ ਐਡਵਾਂਸ ਜਮਾ ਕਰਵਾ ਕੇ ਮੋਟੀ ਵਿਆਜ਼ ਦਰ ਵਸੂਲਣ ਦਾ ਮੌਕਾ ਦਿੱਤਾ ਗਿਆ ਹੈ। ਇਹ ਜਾਣਕਾਰੀ ਦਿੰਦੇ ਬਾਰਡਰ ਜੋਨ ਦੇ ਚੀਫ ਸ੍ਰੀ ਪ੍ਰਦੀਪ ਕੁਮਾਰ ਸੈਣੀ ਨੇ ਦੱਸਿਆ ਕਿ ਇਸ ਵੇਲੇ ਮੌਜੂਦਾ ਵਿਆਜ਼ ਦਰਾਂ ਅਨੁਸਾਰ ਬੈਂਕ ਵੱਲੋਂ ਮਿਆਦੀ ਖਾਤੇ ਉਤੇ ਲਗਭਗ 6 ਪ੍ਰਤੀਸ਼ਤ ਸਲਾਨਾ ਤੇ ਬਚਤ ਖਾਤੇ ਉਤੇ ਲਗਭਗ 3.5 ਫੀਸਦੀ ਤੱਕ ਹੀ ਵਿਆਜ ਦਿੱਤਾ ਜਾ ਰਿਹਾ ਹੈ, ਪਰ ਬਿਜਲੀ ਬੋਰਡ ਨੇ ਆਪਣੇ ਖਪਤਕਾਰਾਂ ਨੂੰ ਐਡਵਾਂਸ ਬਿਜਲੀ ਬਿਲ ਜਮਾ ਕਰਵਾਉਣ ਉਤੇ 12 ਫੀਸਦੀ ਸਲਾਨਾ ਵਿਆਜ਼ ਦਰ ਕਮਾਉਣ ਦਾ ਮੌਕਾ ਦਿੱਤਾ ਹੈ। ਉਨਾਂ ਦੱਸਿਆ ਕਿ ਇਸ ਸਕੀਮ ਤਹਿਤ ਜੋ ਵੀ ਖਪਤਕਾਰ ਆਪਣੇ ਬਿਜਲੀ ਬਿਲ ਦੀ ਔਸਤ ਦੇ ਹਿਸਾਬ ਨਾਲ ਮਾਰਚ 2021 ਤੱਕ ਦਾ ਅੰਦਾਜ਼ਨ ਬਿਲ ਜਮਾ ਕਰਵਾਏਗਾ ਉਸ ਨੂੰ ਇਕ ਫੀਸਦੀ ਮਹੀਨਾ ਵਿਆਜ ਦਿੱਤਾ ਜਾਵੇਗਾ, ਜੋ ਕਿ ਸਾਲ ਦਾ 12 ਫੀਸਦੀ ਬਣਦਾ ਹੈ। ਉਨਾਂ ਦੱਸਿਆ ਕਿ ਇਸ ਲਈ ਕਿਸੇ ਵੀ ਖਪਤਕਾਰ ਨੂੰ ਬਿਜਲੀ ਦਫਤਰ ਵੀ ਆਉਣ ਦੀ ਲੋੜ ਨਹੀਂ ਹੈ, ਉਹ ਡਿਜ਼ੀਟਲ ਮੋਡ ਨਾਲ http://billpayment.pspcl.in ਤੋਂ ਘਰ ਬੈਠੇ ਹੀ ਕੀਤ ਜਾ ਸਕਦਾ ਹੈ। ਉਨਾਂ ਦੱਸਿਆ ਕਿ ਇਸ ਮੌਕੇ ਦਾ ਲਾਭ ਸਾਰੀਆਂ ਸ੍ਰੇਣੀਆਂ ਦੇ ਖਪਤਕਾਰ, ਭਾਵ ਘਰੇਲੂ ਅਤੇ ਕਮਰਸ਼ੀਅਲ ਆਦਿ ਲੈ ਸਕਦੇ ਹਨ। ਸ੍ਰੀ ਸੈਣੀ ਨੇ ਦੱਸਿਆ ਕਿ ਇਸ ਤੋਂ ਇਲਾਵਾ ਵਾਢੀ ਦੇ ਸੀਜ਼ਨ ਵਿਚ ਬਿਜਲੀ ਦੀਆਂ ਢਿੱਲੀਆਂ ਤਾਰਾਂ, ਟਰਾਂਸਫਾਰਮਰ ਅਤੇ ਬਿਜਲੀ ਦੀ ਸਪਾਰਕਿੰਗ ਤੋਂ ਕਣਕ ਨੂੰ ਹੋਣ ਵਾਲੇ ਨੁਕਸਾਨ ਤੋਂ ਬਚਾਉਣ ਲਈ ਫੋਨ ਨੰਬਰਾਂ 96461-06835 ਅਤੇ 96461-06836 ਉਤੇ ਸ਼ਿਕਾਇਤ ਜਿਸ ਵਿਚ ਸਥਾਨ, ਪਤਾ ਅਤੇ ਫੋਟੋ ਦੇ ਵੇਰਵਾ ਹੋਵੇ ਵਟਸ ਐਪ ਰਾਹੀਂ ਭੇਜ ਸਕਦੇ ਹਨ।

==========

ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ, ਅੰਮ੍ਰਿਤਸਰ

**ਡਾਕਟਰੀ ਸਹਾਇਤਾ, ਚਿੰਤਾ ਅਤੇ ਤਣਾਅ ਸਬੰਧੀ ਮੁੱਦਿਆਂ ਬਾਰੇ ਸਲਾਹ ਲਈ ਡਾਇਲ ਕਰੋ 18001804104**

ਅੰਮ੍ਰਿਤਸਰ, 17 ਅਪ੍ਰੈਲ (    )-

ਤਾਲਾਬੰਦੀ ਦੌਰਾਨ ਮੈਡੀਕਲ ਅਤੇ ਤਣਾਅ ਨਾਲ ਜੁੜੇ ਹੋਰ ਮੁੱਦਿਆਂ ਦੇ ਪ੍ਰਭਾਵਸ਼ਾਲੀ ਢੰਗ ਨਾਲ ਹੱਲ ਵਾਸਤੇ ਪੰਜਾਬ ਸਰਕਾਰ ਨੇ ਨਾਗਰਿਕਾਂ ਲਈ ਵਿਸ਼ੇਸ਼ ਹੈਲਪਲਾਈਨ ਨੰਬਰ 18001804104 ਸ਼ੁਰੂ ਕੀਤਾ ਗਿਆ ਹੈ, ਜਿਸ ਨਾਲ ਲੋਕ ਟੈਲੀ-ਕਾਨਫਰੰਸਿੰਗ ਰਾਹੀਂ ਸੀਨੀਅਰ ਡਾਕਟਰਾਂ ਦੇ ਨੈੱਟਵਰਕ ਨਾਲ ਜੁੜ ਕੇ ਕੋਵਿਡ-19 ਅਤੇ ਇਸ ਨਾਲ ਸਬੰਧਤ ਹੋਰ ਪਰੇਸ਼ਾਨੀਆਂ ਲਈ ਮੈਡੀਕਲ ਸਲਾਹ ਲੈ ਸਕਦੇ ਹਨ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਸਿਵਲ ਸਰਜਨ ਡਾ. ਜੁਗਲ ਕਿਸ਼ੋਰ ਨੇ ਦੱਸਿਆ ਕਿ ਤਾਲਾਬੰਦੀ ਦੇ ਮੱਦੇਨਜ਼ਰ ਤਣਾਅ ਨਾਲ ਜੁੜੇ ਮੁੱਦਿਆਂ ਸਬੰਧੀ ਸਲਾਹ ਲਈ ਮਾਹਰ ਡਾਕਟਰਾਂ ਦੇ ਇਕ ਪੈਨਲ ਨੂੰ ਇਸ ਪਲੇਟਫਾਰਮ, ਇਸ ਦੇ ਪ੍ਰੋਟੋਕੋਲ ਅਤੇ ਕਾਰਜਕ੍ਰਮ ਸਬੰਧੀ ਪੂਰੀ ਤਰਾਂ ਸਿਖਲਾਈ ਦਿੱਤੀ ਗਈ ਹੈ। ਉਨਾਂ ਕਿਹਾ ਕਿ ਇਸ ਕੌਂਸਲਿੰਗ ਰਾਹੀਂ ਆਈਸੋਲੇਸ਼ਨ, ਘਰੇਲੂ ਕਵਰਨਟੀਨ ਅਤੇ ਉਹ ਲੋਕ ਜਿਨਾਂ ਨੂੰ ਡਾਕਟਰੀ ਦੇਖਭਾਲ ਦੀ ਲੋੜ ਹੈ, ਦੀ ਪਛਾਣ ਕਰਨ ਵਿੱਚ ਮਦਦ ਮਿਲੇਗੀ। ਉਨਾਂ ਕਿਹਾ ਕਿ ਅਗਲੇਰੀ ਜਾਂਚ ਤੇ ਕਾਰਵਾਈ ਲਈ ਸਬੰਧਤ ਮਾਮਲੇ ਬਾਰੇ ਸਰਕਾਰ ਨੂੰ ਸੂਚਿਤ ਕੀਤਾ ਜਾਵੇਗਾ।

ਇਸ ਹੈਲਪਲਾਈਨ ਦਾ ਸੰਕਲਪ, ਪ੍ਰਸ਼ਾਸਨਿਕ ਸੁਧਾਰ ਅਤੇ ਸ਼ਿਕਾਇਤ ਨਿਵਾਰਨ ਵਿਭਾਗ ਵੱਲੋਂ ਤਿਆਰ ਕੀਤਾ ਗਿਆ, ਜਿਸ ਨੂੰ ਪੰਜਾਬ ਸਰਕਾਰ ਦੇ ਰਾਜ ਕੋਵਿਡ 19 ਕੰਟਰੋਲ ਰੂਮ (ਐਸ.ਸੀ.ਸੀ.ਆਰ.) ਅਤੇ ਇੰਡੀਅਨ ਮੈਡੀਕਲ ਐਸੋਸੀਏਸ਼ਨ (ਆਈ.ਐੱਮ.ਏ.) ਦੀ ਪੰਜਾਬ ਰਾਜ ਸ਼ਾਖਾ ਵੱਲੋਂ ਮਿਲ ਕੇ ਸਾਕਾਰ ਰੂਪ ਦਿੱਤਾ ਜਾ ਰਿਹਾ ਹੈ। ਉਨਾਂ ਕਿਹਾ ਕਿ ਤਾਲਾਬੰਦੀ ਦੌਰਾਨ ਗੈਰ-ਐਮਰਜੈਂਸੀ ਵਾਲੇ ਮਾਮਲਿਆਂ ਵਿੱਚ ਡਾਕਟਰਾਂ ਤੱਕ ਪਹੁੰਚ ਨਾ ਹੋਣ ਕਾਰਨ ਲੋਕਾਂ ਵਿੱਚ ਘਬਰਾਹਟ ਅਤੇ ਸਹਿਮ ਉਪਜਦਾ ਹੈ। ਇਸ ਹਾਲਤ ਵਿਚ ਡਾਕਟਰਾਂ ਦੀ ਸਲਾਹ ਨਾਲ ਲੋਕਾਂ ਨੂੰ ਆਪਣੇ ਲੱਛਣਾਂ ਨੂੰ ਸਮਝਣ ਵਿੱਚ ਮਦਦ ਮਿਲੇਗੀ ਅਤੇ ਉਹ ਲੋੜ ਅਨੁਸਾਰ ਦਵਾਈ ਅਤੇ ਪਰਹੇਜ਼ ਅਪਣਾ ਸਕਣਗੇ।

=========

ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ, ਅੰਮ੍ਰਿਤਸਰ

**ਜਿਲੇ ਵਿਚ 35 ਹਜ਼ਾਰ ਤੋਂ ਵੱਧ ਪਰਿਵਾਰਾਂ ਨੂੰ ਵੰਡਿਆ ਗਿਆ ਪੰਜਾਬ ਸਰਕਾਰ ਵੱਲੋਂ ਸੁੱਕਾ ਰਾਸਨ-ਸੋਨੀ**

**ਸੋਨੀ ਵੱਲੋਂ ਬਾਹਰਲੀਆਂ ਵਾਰਡਾਂ ਲਈ ਪੰਜ ਟਰੱਕ ਰਵਾਨਾ**

ਅੰਮ੍ਰਿਤਸਰ, 17 ਅਪ੍ਰੈਲ ( )-

'ਪੰਜਾਬ ਸਰਕਾਰ ਵੱਲੋਂ ਕਰਫਿਊ ਦੌਰਾਨ ਲੋੜਵੰਦ ਪਰਿਵਾਰਾਂ ਨੂੰ ਲਗਾਤਾਰ ਸੁੱਕਾ ਰਾਸ਼ਨ ਤੇ ਲੰਗਰ ਦੀ ਸਪਲਾਈ ਕੀਤੀ ਜਾ ਰਹੀ ਹੈ। ਇਸ ਕੰਮ ਲਈ ਡਿਪਟੀ ਕਮਿਸ਼ਨਰ ਸ. ਸ਼ਿਵਦੁਲਾਰ ਸਿੰਘ ਢਿੱਲੋਂ ਦੀ ਅਗਵਾਈ ਹੇਠ ਟੀਮਾਂ ਘਰ-ਘਰ ਪਹੁੰਚ ਰਹੀਆਂ ਹਨ, ਤਾਂ ਕਿ ਕੋਈ ਵੀ ਪਰਿਵਾਰ ਰੋਟੀ ਤੋਂ ਵਾਂਝਾ ਨਾ ਰਹੇ।' ਉਕਤ ਪ੍ਰਗਟਾਵਾ ਡਾਕਟਰੀ ਸਿੱਖਿਆ ਤੇ ਖੋਜ ਮੰਤਰੀ ਸ੍ਰੀ ਓ ਪੀ ਸੋਨੀ ਨੇ ਕਰਦੇ ਦੱਸਿਆ ਕਿ ਜਿਲੇ ਅੰਮ੍ਰਿਤਸਰ ਵਿਚ ਅਜਿਹੇ 35500 ਲੋੜਵੰਦ ਪਰਿਵਾਰ, ਜਿੰਨਾ ਕੋਲ ਨੀਲੇ ਕਾਰਡ ਵੀ ਨਹੀਂ ਹਨ, ਪਰ ਕਰਫਿਊ ਦੌਰਾਨ ਕੰਮ ਖੁੱਸ ਜਾਣ ਕਾਰਨ ਰੋਟੀ-ਪਾਣੀ ਦੀ ਲੋੜ ਮਹਿਸੂਸ ਕਰਦੇ ਸਨ, ਨੂੰ ਪੰਜਾਬ ਸਰਕਾਰ ਵੱਲੋਂ ਸੁੱਕਾ ਰਾਸ਼ਨ ਪਹੁੰਚਾਇਆ ਜਾ ਚੁੱਕਾ ਹੈ ਅਤੇ ਇਹ ਕੰਮ ਲਗਾਤਾਰ ਜਾਰੀ ਹੈ। ਉਨਾਂ ਦੱਸਿਆ ਕਿ ਇਸ ਰਾਸ਼ਨ ਵਿਚ 10 ਕਿਲੋਗ੍ਰਾਮ ਆਟਾ, 2 ਕਿਲੋਗ੍ਰਾਮ ਖੰਡ ਤੇ 2 ਕਿਲੋ ਦਾਲਾਂ ਸ਼ਾਮਿਲ ਹਨ। ਉਨਾਂ ਦੱਸਿਆ ਕਿ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਵੱਲੋਂ ਰਾਜ ਭਰ ਵਿਚ 10 ਲੱਖ ਫੂਡ ਪੈਕਟ ਵੰਡਣ ਦੇ ਕੀਤੇ ਗਏ ਐਲਾਨ ਅਨੁਸਾਰ ਜਿਲੇ ਵਿਚ ਨਿੰਰਤਰ ਵਸਤਾਂ ਦੀ ਸਪਲਾਈ ਆ ਰਹੀ ਹੈ, ਜਿੱਥੋਂ ਇਸ ਦੇ ਪੈਕ ਬਣਾ ਕੇ ਸਾਰੇ ਜਿਲੇ ਵਿਚ ਭੇਜੇ ਜਾ ਰਹੇ ਹਨ।

ਸ੍ਰੀ ਸੋਨੀ ਨੇ ਦੱਸਿਆ ਕਿ ਇਸ ਤੋਂ ਇਲਾਵਾ ਵੱਖ-ਵੱਖ ਧਾਰਮਿਕ ਅਤੇ ਸਮਾਜ ਸੇਵੀ ਜਥੇਬੰਦੀਆਂ ਵੀ ਆਪਣੇ ਪੱਧਰ ਉਤੇ ਲੋਕਾਂ ਦੀ ਸੇਵਾ ਵਿਚ ਲੱਗੀਆਂ ਹੋਈਆਂ ਹਨ। ਸ੍ਰੀ ਸੋਨੀ ਨੇ ਅੱਜ ਆਪਣੇ ਕੇਂਦਰੀ ਹਲਕੇ ਦੀਆਂ ਬਾਹਰਲੀਆਂ ਵਾਰਡਾਂ ਲਈ ਪੰਜਾਬ ਸਰਕਰਾ ਦੀ ਤਰਫੋਂ 750 ਪਰਿਵਾਰਾਂ ਦੀ ਆਈ ਰਾਹਤ ਸਮਗਰੀ ਦੇ 5 ਟਰੱਕ ਰਵਾਨ ਕਰਦੇ ਅਧਿਕਾਰੀਆਂ ਨੂੰ ਸਾਬਾਸ਼ ਦਿੱਤੀ ਕਿ ਉਹ ਦਿਨ-ਰਾਤ ਲੋਕਾਂ ਦੀ ਸੇਵਾ ਕਰ ਰਹੇ ਹਨ। ਸ੍ਰੀ ਸੋਨੀ ਨੇ ਇਸ ਮੌਕੇ ਸਨ ਸਟਾਰ ਸ਼ੈਲਰ ਵੱਲੋਂ ਭੇਜੇ ਗਏ 30 ਕੁਇੰਟਲ ਚੋਲਾਂ ਨੂੰ ਵੀ ਲੋੜਵੰਦ ਲੋਕਾਂ ਤੱਕ ਘਰ-ਘਰ ਦੇਣ ਦੀ ਹਦਾਇਤ ਆਪਣੇ ਵਰਕਰਾਂ ਨੂੰ ਕੀਤੀ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸ੍ਰੀ ਵਿਕਾਸ ਸੋਨੀ ਕੌਂਸਲਰ, ਮਹੇਸ਼ ਖੰਨਾ ਕੌਂਸਲਰ, ਗੁਰਦੇਵ ਸਿੰਘ ਦਾਰਾ , ਸਰਬਜੀਤ ਲਾਟੀ, ਤਹਿਸੀਲਦਾਰ ਸ੍ਰੀਮਤੀ ਅਰਚਨਾ ਸ਼ਰਮਾ ਤੇ ਹੋਰ ਪਤਵੰਤੇ ਵੀ ਹਾਜ਼ਰ ਸਨ।

ਕੈਪਸ਼ਨ

ਹਲਕਾ ਅੰਮ੍ਰਿਤਸਰ ਕੇਂਦਰੀ ਦੀਆਂ ਬਾਹਰਲੀਆਂ ਵਾਰਡਾਂ ਲਈ 5 ਟਰੱਕ ਰਵਾਨਾ ਕਰਦੇ ਹੋਏ ਕੈਬਨਿਟ ਮੰਤਰੀ ਸ੍ਰੀ ਓ ਪੀ ਸੋਨੀ।

=======

ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ, ਅੰਮ੍ਰਿਤਸਰ

**ਸਰਬੱਤ ਦਾ ਭਲਾ ਟਰੱਸਟ ਨੇ ਹੁਣ ਸਰਕਾਰੀ ਹਸਪਤਾਲਾਂ ਤੇ ਪੁਲਿਸ ਮੁਲਾਜ਼ਮਾਂ ਨੂੰ ਲੋੜੀਂਦਾ ਸਾਮਾਨ ਦੇਣ ਦਾ ਚੁੱਕਿਆ ਬੀੜਾ**

**ਡਾ.ਓਬਰਾਏ ਨੇ ਅੰਮ੍ਰਿਤਸਰ ਪ੍ਰਸ਼ਾਸ਼ਨ ਨੂੰ 1-1 ਹਜ਼ਾਰ ਪੀ.ਪੀ.ਈ.ਕਿੱਟਾਂ ਤੇ ਐਨ-95 ਮਾਸਕ ਦਿੱਤੇ**

**ਕਰੋਨਾ ਵਾਇਰਸ ਤੋਂ ਲੋਕਾਂ ਨੂੰ ਬਚਾਉਣ ਲਈ ਯਤਨਸ਼ੀਲ ਸਰਕਾਰ ਦੀ ਡਾ.ਓਬਰਾਏ ਵੱਲੋਂ ਵੱਡੀ ਮਦਦ : ਸੋਨੀ, ਔਜਲਾ**

**ਪੱਤਰਕਾਰਾਂ ਨੂੰ ਵੀ ਵੰਡੇ ਗਏ ਤਿੰਨ ਪਰਤੀ ਮਾਸਕ**

ਅੰਮ੍ਰਿਤਸਰ ,17 ਅਪ੍ਰੈਲ (        )-

ਦੀਨ ਦੁਖੀਆਂ ਦੇ ਦੁੱਖ ਨੂੰ ਆਪਣਾ ਦੁੱਖ ਸਮਝ ਕੇ ਉਨਾਂ ਦੀ ਮਦਦ ਲਈ ਹਮੇਸ਼ਾ ਸਭ ਤੋਂ ਪਹਿਲਾਂ ਪਹੁੰਚਣ ਕਾਰਨ ਪੂਰੇ ਵਿਸ਼ਵ ਅੰਦਰ 'ਰੱਬ ਦੇ ਫਰਿਸ਼ਤੇ' ਵਜੋਂ ਜਾਣੇ ਜਾਂਦੇ ਦੁਬਈ ਦੇ ਨਾਮਵਰ ਸਿੱਖ ਕਾਰੋਬਾਰੀ ਅਤੇ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਦੇ ਮੋਢੀ ਡਾ.ਐਸ.ਪੀ.ਸਿੰਘ ਓਬਰਾਏ ਵੱਲੋਂ ਕਰੋਨਾ ਵਾਇਰਸ ਦੀ ਲਪੇਟ 'ਚ ਆਏ ਮਰੀਜ਼ਾਂ ਦਾ ਇਲਾਜ ਕਰਨ ਤੋਂ ਇਲਾਵਾ ਸ਼ੱਕੀ ਮਰੀਜ਼ਾਂ ਦੀ ਜਾਂਚ ਕਰ ਰਹੇ ਡਾਕਟਰਾਂ ਤੇ ਬਾਕੀ ਕਰਮਚਾਰੀਆਂ ਨੂੰ ਕਰੋਨਾ ਦੀ ਲਾਗ ਤੋਂ ਬਚਾਉਣ ਲਈ ਅੱਜ ਕੈਬਨਿਟ ਮੰਤਰੀ ਓ.ਪੀ.ਸੋਨੀ ਅਤੇ ਮੈਂਬਰ ਪਾਰਲੀਮੈਂਟ ਗੁਰਜੀਤ ਸਿੰਘ ਔਜਲਾ ਦੀ ਮੌਜੂਦਗੀ 'ਚ ਗੁਰੂ ਨਾਨਕ ਦੇਵ ਹਸਪਤਾਲ ਅਤੇ ਸਿਵਲ ਸਰਜਨ ਦਫਤਰ ਨੂੰ 800 ਪੀ.ਪੀ.ਈ. ਕਿੱਟਾਂ ਅਤੇ 800 ਐਨ-95 ਮਾਸਕ ਦਿੱਤੇ ਗਏ ਦਿੱਤੇ ਗਏ।

ਇਸ ਦੌਰਾਨ ਗੱਲਬਾਤ ਕਰਦਿਆਂ ਕੈਬਨਿਟ ਮੰਤਰੀ ਸੋਨੀ ਤੇ ਐੱਮ.ਪੀ.ਔਜਲਾ ਨੇ ਕਿਹਾ ਕਿ 'ਸਰਬੱਤ ਦਾ ਭਲਾ ਦੇ ਸੰਕਲਪ ਦਾ ਪੱਲਾ ਫੜ ਕੇ ਆਉਣ ਵਾਲੀਆਂ ਪੀੜੀਆਂ ਲਈ ਫੁੱਲਾਂ ਦੇ ਬੀਜ ਬੀਜਣ ਵਾਲੇ ਡਾ.ਐਸ.ਪੀ.ਸਿੰਘ ਓਬਰਾਏ ਵੱਲੋਂ ਇਸ ਬਿਪਤਾ ਭਰੀ ਘੜੀ ਮੌਕੇ ਸਰਕਾਰ, ਪ੍ਰਸ਼ਾਸਨ ਤੇ ਲੋੜਵੰਦ ਲੋਕਾਂ ਦੀ ਅੱਗੇ ਹੋ ਕੇ ਕੀਤੀ ਜਾ ਰਹੀ ਵੱਡੀ ਸੇਵਾ ਰੂਪੀ ਮਦਦ ਇੱਕ ਵੱਖਰੀ ਤੇ ਨਿਵੇਕਲੀ ਮਿਸਾਲ ਪੇਸ਼ ਕਰਦੀ ਹੈ। ਉਨਾਂ ਦੱਸਿਆ ਕਿ ਡਾ. ਓਬਰਾਏ ਵੱਲੋਂ ਅੰਮ੍ਰਿਤਸਰ ਤੋਂ ਇਲਾਵਾ ਬਾਬਾ ਫਰੀਦ ਯੂਨੀਵਰਸਿਟੀ ਆਫ਼ ਹੈਲਥ ਸਾਇੰਸਜ ਫ਼ਰੀਦਕੋਟ, ਰਾਜਿੰਦਰਾ ਹਸਪਤਾਲ ਪਟਿਆਲਾ ਅਤੇ ਪੀ.ਜੀ.ਆਈ. ਨੂੰ ਵੀ ਇੱਕ-ਇੱਕ ਹਜ਼ਾਰ ਪੀ.ਪੀ.ਈ. ਕਿੱਟਾਂ ਤੇ ਐਨ-95 ਮਾਸਕ ਅਤੇ ਹਜ਼ਾਰਾਂ ਦੀ ਗਿਣਤੀ 'ਚ ਤਿੰਨ ਪਰਤੀ ਮਾਸਕ ਦੇਣ ਦੇ ਨਾਲ-ਨਾਲ ਪੰਜਾਬ ਦੇ ਹਰ ਜ਼ਿਲੇ ਦੇ ਪ੍ਰਸ਼ਾਸ਼ਨ ਨੂੰ ਵੀ ਹਸਪਤਾਲਾਂ ਲਈ ਲੋੜੀਂਦਾ ਸਾਮਾਨ ਵੀ ਲਗਾਤਾਰ ਭੇਜਿਆ ਜਾ ਰਿਹਾ ਹੈ,ਜੋ ਇਸ ਔਖੀ ਘੜੀ ਵੇਲੇ ਪੰਜਾਬ ਦੇ ਲੋਕਾਂ ਨੂੰ ਜਾਨਲੇਵਾ ਕਰੋਨਾ ਵਾਇਰਸ ਦੀ ਲਾਗ ਤੋਂ ਬਚਾਉਣ ਲਈ ਸੁਹਿਰਦ ਯਤਨ ਕਰ ਰਹੀ ਸਰਕਾਰ ਦੀ ਇੱਕ ਵੱਡੀ ਮਦਦ ਹੈ। ਉਨਾਂ ਪੰਜਾਬ ਸਰਕਾਰ ਦੀ ਤਰਫ਼ੋਂ ਡਾ.ਓਬਰਾਏ ਦਾ ਇਸ ਵੱਡੇ ਉਪਰਾਲੇ ਲਈ ਵਿਸ਼ੇਸ਼ ਤੌਰ ਤੇ ਧੰਨਵਾਦ ਵੀ ਕੀਤਾ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਟਰੱਸਟ ਦੇ ਮਾਝਾ ਜੋਨ ਦੇ ਸਲਾਹਕਾਰ ਸੁਖਦੀਪ ਸਿੱਧੂ, ਜ਼ਿਲਾ ਪ੍ਰਧਾਨ ਸੁਖਜਿੰਦਰ ਸਿੰਘ ਹੇਰ,ਜਨਰਲ ਸਕੱਤਰ ਮਨਪ੍ਰੀਤ ਸਿੰਘ ਸੰਧੂ,ਮੀਤ ਪ੍ਰਧਾਨ ਸ਼ਿਸ਼ਪਾਲ ਸਿੰਘ ਲਾਡੀ ਅਤੇ ਖਜਾਨਚੀ

ਨਵਜੀਤ ਸਿੰਘ ਘਈ ਨੇ ਦੱਸਿਆ ਕਿ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਵੱਲੋਂ ਡਾ.ਐਸ.ਪੀ. ਸਿੰਘ ਓਬਰਾਏ ਦੀ ਯੋਗ ਅਗਵਾਈ ਹੇਠ ਅੱਜ ਅੰਮ੍ਰਿਤਸਰ ਤੋਂ ਇਲਾਵਾ ਪੁਲਿਸ ਜ਼ਿਲਾ ਬਟਾਲਾ, ਗੁਰਦਾਸਪੁਰ, ਪਠਾਨਕੋਟ, ਤਰਨਤਾਰਨ, ਮੋਗਾ, ਫਿਰੋਜ਼ਪੁਰ, ਸੰਗਰੂਰ ਆਦਿ ਜ਼ਿਲਿਆਂ ਦੇ ਹਪਸਤਾਲਾਂ ਲਈ ਸਿਵਲ, ਪੁਲਿਸ ਪ੍ਰਸ਼ਾਸਨ ਤੇ ਪੱਤਰਕਾਰਾਂ ਨੂੰ ਲੋੜੀਂਦੀਆਂ ਪੀ.ਪੀ.ਈ. ਕਿੱਟਾਂ, ਐੱਨ.-95 ਮਾਸਕ ਤੇ ਤਿੰਨ ਪਰਤੀ ਮਾਸਕ ਭੇਜੇ ਗਏ ਹਨ। ਉਨਾਂ ਇਹ ਵੀ ਦੱਸਿਆ ਕਿ ਅੱਜ ਪੁਲਿਸ ਕਮਿਸ਼ਨਰ ਅੰਮ੍ਰਿਤਸਰ ਸੁਖਚੈਨ ਸਿੰਘ ਗਿੱਲ, ਐਸ.ਐਸ.ਪੀ.ਦਿਹਾਤੀ ਵਿਕਰਮਜੀਤ ਦੁੱਗਲ ਨੂੰ ਵੀ ਪੀ.ਪੀ.ਈ. ਕਿੱਟਾਂ, ਐੱਨ.-95 ਮਾਸਕ ਤੇ ਤਿੰਨ ਪਰਤੀ ਮਾਸਕ ਦੇਣ ਤੋਂ ਇਲਾਵਾ ਇਸ ਮੁਸ਼ਕਿਲ ਦੌਰ ਅੰਦਰ ਪਲ-ਪਲ ਦੀ ਖ਼ਬਰ ਲੋਕਾਂ ਨੂੰ ਘਰਾਂ ਤੱਕ ਪਹੁੰਚਾਉਣ ਵਾਲੇ ਅੰਮ੍ਰਿਤਸਰ ਦੇ ਪੱਤਰਕਾਰਾਂ ਨੂੰ ਵੀ ਤਿੰਨ ਪਰਤੀ ਮਾਸਕ (ਧੋਣ ਯੋਗ) ਦਿੱਤੇ ਗਏ ਹਨ। ਉਨਾਂ ਇਹ ਵੀ ਦੱਸਿਆ ਕਿ ਗੁਰੂ ਨਾਨਕ ਦੇਵ ਹਸਪਤਾਲ ਅਤੇ ਸਿਵਲ ਸਰਜਨ ਦਫ਼ਤਰ ਲਈ ਇੱਕ ਦੋ ਦਿਨਾਂ ਦੇ ਅੰਦਰ 5000 ਤਿੰਨ ਪਰਤੀ ਮਾਸਕ ਵੀ ਪਹੁੰਚਾ ਦਿੱਤੇ ਜਾਣਗੇ।

ਇਸ ਮੌਕੇ ਪ੍ਰਿੰਸੀਪਲ ਡਾ. ਸੁਜਾਤਾ ਸ਼ਰਮਾ, ਡਾ. ਜੁਗਲ ਕਿਸ਼ੋਰ ਸਿਵਲ ਸਰਜਨ ਅੰਮ੍ਰਿਤਸਰ, ਡਾ. ਵੀਨਾ ਚਤਰਥ, ਡਾ. ਰਮਨ ਸ਼ਰਮਾ, ਡਾ. ਸ਼ਿਵ ਚਰਨ,ਡਾ. ਲਵਲੀਨ ਓਬਰਾਏ, ਡਾ.ਨਰਿੰਦਰ ਸਿੰਘ ਡਾ.ਸਤਪਾਲ ਅਲੂਨਾ, ਡਾ. ਸੁਰਿੰਦਰ ਸਲਵਾਨ, ਡਾ.ਮਦਨ ਗੋਪਾਲ,ਆਰ.ਕੇ. ਦੇਵਗਨ ਤੋਂ ਇਲਾਵਾ ਹੋਰ ਉੱਚ ਅਧਿਕਾਰੀ ਵੀ ਮੌਜੂਦ ਸਨ।

ਕੈਪਸ਼ਨ – ਮੈਡੀਕਲ ਕਾਲਜ ਵਿਚ ਸ੍ਰੀ ਓ ਪੀ ਸੋਨੀ ਅਤੇ ਸ. ਗੁਰਜੀਤ ਸਿੰਘ ਔਜਲਾ ਨੂੰ ਟਰੱਸਟ ਵੱਲੋਂ ਆਇਆ ਸਮਾਨ ਸੌਂਪਣ ਮੌਕੇ ਸ੍ਰੀ ਸੁਖਦੀਪ ਸਿੱਧੂ, ਸੁਖਜਿੰਦਰ ਸਿੰਘ ਹੇਰ, ਮਨਪ੍ਰੀਤ ਸਿੰਘ ਸੰਧੂ ਤੇ ਹੋਰ ਮੈਂਬਰ।

=======

ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ, ਅੰਮ੍ਰਿਤਸਰ

**ਪਿੰਡਾਂ ਦੀਆਂ ਫਿਰਨੀਆਂ ਤੇ ਸ਼ਹਿਰਾਂ ਦੀਆਂ ਗਲੀਆਂ ਵਿਚ ਲੱਗਣ ਲੱਗੇ ਠੀਕਰੀ ਪਹਿਰੇ**

ਅੰਮ੍ਰਿਤਸਰ, 16 ਅਪ੍ਰੈਲ ( )-

ਕੋਵਿਡ 19 ਦੇ ਸੰਕਟ ਕਾਰਨ ਪੰਜਾਬ ਸਰਕਾਰ ਵੱਲੋਂ ਲਗਾਏ ਗਏ ਕਰਫਿਊ ਦੌਰਾਨ ਕਿਸਾਨਾਂ, ਖੇਤ ਮਜ਼ਦੂਰਾਂ, ਕੰਬਾਇਨਾਂ, ਰੀਪਰਾਂ, ਦੁੱਧ ਤੇ ਡੇਅਰੀ ਉਤਪਾਦਕਾਂ, ਸਬਜੀ ਤੇ ਫਲ ਵਿਕਰੇਤਾ ਆਦਿ ਨੂੰ ਆਉਣ-ਜਾਣ ਦੀ ਢਿੱਲ ਦਿੱਤੀ ਹੋਈ ਹੈ, ਤਾਂ ਕਿ ਲੋਕਾਂ ਨੂੰ ਖਾਣ-ਪੀਣ ਦੀਆਂ ਵਸਤਾਂ ਮਿਲਦੀਆਂ ਰਹਿਣ। ਇਨਾਂ ਤੋਂ ਇਲਾਵਾ ਵੀ ਕਈ ਲੋਕ ਕਰਫਿਊ ਦੀ ਉਲੰਘਣਾ ਕਰਦੇ ਹਨ, ਜਿੰਨਾ ਉਤੇ ਪੁਲਿਸ ਦੇ ਨਾਲ-ਨਾਲ ਆਮ ਲੋਕ ਵੀ ਤਿੱਖੀ ਨਿਗਾ ਰੱਖਣ ਲੱਗੇ ਹਨ। ਜਿਲਾ ਪੇਂਡੂ ਵਿਕਾਸ ਅਤੇ ਪੰਚਾਇਤ ਅਧਿਕਾਰੀ ਸ੍ਰੀ ਗੁਰਪ੍ਰੀਤ ਸਿੰਘ ਗਿੱਲ ਨੇ ਦੱਸਿਆ ਕਿ ਜਿਲੇ ਦੇ ਬਹੁਤੇ ਪਿੰਡਾਂ ਵਿਚ ਲੋਕਾਂ ਨੇ ਫਿਰਨੀਆਂ ਉਤੇ ਪਹਿਰੇ ਲਗਾਏ ਹੋਏ ਹਨ, ਜਿੱਥੋਂ ਉਹ ਕਿਸੇ ਵੀ ਪਿੰਡ ਆਉਣ ਵਾਲੇ ਤੋਂ ਪੁੱਛ-ਗਿੱਛ ਕਰਦੇ ਹਨ ਅਤੇ ਆਪਣੀ ਤਸੱਲੀ ਹੋਣ ਉਤੇ ਹੀ ਅੱਗੇ ਆਉਣ ਦੀ ਆਗਿਆ ਦਿੱਤੀ ਜਾਂਦੀ ਹੈ। ਇਥੋਂ ਤੱਕ ਕਿ ਪਿੰਡਾਂ ਵਿਚ ਸੰਬਜੀ ਤੇ ਫਲ ਵਿਕਰੇਤਾ ਵੀ ਉਹੀ ਆਉਣ ਦਿੱਤੇ ਜਾ ਰਹੇ ਹਨ ਜੋ ਕਿ ਪਹਿਲਾਂ ਤੋਂ ਹੀ ਪਿੰਡ ਵਿਚ ਆਉਂਦੇ ਹਨ, ਨਵੇਂ ਬੰਦੇ ਨੂੰ ਸਬਜੀ ਵੇਚਣ ਦੀ ਆਗਿਆ ਵੀ ਨਹੀਂ ਹੈ। ਇੰਨਾਂ ਲੋਕਾਂ ਨੂੰ ਵੀ ਪਿੰਡਾਂ ਵਿਚ ਮਾਸਕ ਪਹਿਨਣਾ ਜ਼ਰੂਰੀ ਕਰਵਾਇਆ ਜਾਂਦਾ ਹੈ ਅਤੇ ਕਈ ਨਾਕਿਆਂ ਉਤੇ ਰੱਖੇ ਸਾਬਣ-ਪਾਣੀ ਨਾਲ ਹੱਥ ਚੰਗੀ ਤਰਾਂ ਧੋ ਕੇ ਹੀ ਪਿੰਡ ਵਿਚ ਦਾਖਲਾ ਦਿੱਤਾ ਜਾਂਦਾ ਹੈ। ਇਸੇ ਤਰਾਂ ਪਿੰਡੋਂ ਸ਼ਹਿਰ ਜਾਂ ਹੋਰ ਕਿਧਰੇ ਜਾਣ ਵਾਲੇ ਵਿਅਕਤੀ ਨੂੰ ਵੀ ਸਫਰ ਕਰਨ ਤੋਂ ਮਨਾ ਕੀਤਾ ਜਾਂਦਾ ਹੈ ਅਤੇ ਜੇਕਰ ਜ਼ਰੂਰੀ ਹੋਵੇ ਤਾਂ ਸਾਵਧਾਨੀ ਨਾਲ ਸਫਰ ਕਰਨ ਦੀ ਸਲਾਹ ਦਿੰਦੇ ਵਾਪਸੀ ਉਤੇ ਉਸ ਨੂੰ ਵੀ ਚੰਗੀ ਤਰਾਂ ਸੈਨੇਟਾਇਜ਼ ਕੀਤਾ ਜਾਂਦਾ ਹੈ।

ਪਿੰਡਾਂ ਤੋਂ ਬਾਅਦ ਸ਼ਹਿਰ ਦੇ ਕੁੱਝ ਮੁਹੱਲਿਆਂ ਵਿਚ ਵੀ ਅਜਿਹਾ ਵਤੀਰਾ ਵੇਖਣ ਨੂੰ ਮਿਲ ਰਿਹਾ ਹੈ। ਸ਼ਹਿਰ ਦੀਆਂ ਕਈ ਅਬਾਦੀਆਂ ਵਿਚ ਵੀ ਅਜਿਹੇ ਠੀਕਰੀ ਪਹਿਰੇ ਲਗਾ ਕੇ ਲੋਕ ਆਪਣੇ-ਆਪਣੇ ਇਲਾਕੇ ਨੂੰ ਵਾਇਰਸ ਦੀ ਮਾਰ ਤੋਂ ਬਚਾਉਣ ਦੀ ਕੋਸ਼ਿਸ਼ ਕਰ ਰਹੇ ਹਨ, ਜੋ ਕਿ ਇਕ ਚੰਗੀ ਪਹਿਲ ਕਦਮੀ ਹੈ। ਆਸ ਹੈ ਕਿ ਜੇਕਰ ਲੋਕ ਇਸੇ ਤਰਾਂ ਜਾਗਰੂਕ ਰਹਿੰਦੇ ਹਨ ਤਾਂ ਵਾਇਰਸ ਦੇ ਫੈਲਾਅ ਨੂੰ ਵੱਡੀ ਹੱਦ ਤੱਕ ਰੋਕਿਆ ਜਾ ਸਕੇਗਾ।

ਕੈਪਸ਼ਨ:---ਪਿੰਡਾਂ ਦੀਆਂ ਫਿਰਨੀਆਂ ਅਤੇ ਸ਼ਹਿਰਾਂ ਦੀਆਂ ਗਲੀਆਂ ਉਤੇ ਲੱਗੇ ਠੀਕਰੀ ਪਹਿਰੇ ਦੀਆਂ ਕੁੱਝ ਤਸਵੀਰਾਂ।

============